# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-06-2024**

- ਕੇਂਦਰ ਨੇ ਸਰਵਉੱਚ ਅਦਾਲਤ ਨੂੰ ਦਸਿਆ ਏ ਕਿ 1563 ਨੀਟ ਵਿਦਿਆਰਥੀਆਂ ਨੂੰ MBBS, BDS ਅਤੇ ਹੋਰ ਕੋਰਸਾਂ ਵਿੱਚ ਦਾਖਲੇ ਲਈ ਵਾਧੂ ਅੰਕ ਦੇਣ ਦੇ ਫੈਸਲੇ ਨੂੰ ਰੱਦ ਕਰ ਦਿੱਤਾ ਸਰਕਾਰ ਨੇ ਕਿਹਾ ਏ ਕਿ ਪ੍ਰਸ਼ਨ ਪੱਤਰ ਲੀਕ ਹੋਣ ਦਾ ਕੋਈ ਸਬੂਤ ਨਹੀਂ ਮਿਲਿਆ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਰਾਸ਼ਟਰਪਤੀ ਭਵਨ ਵਿਖੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।
- ਪੰਜਾਬ ਸਰਕਾਰ ਵਲੋਂ ਨੇਤਰਹੀਣ ਵਿਅਕਤੀਆਂ ਦੇ ਸਹਾਇਕਾਂ ਲਈ, ਮੁਫ਼ਤ ਬੱਸ ਯਾਤਰਾ ਸਹੂਲਤ ਦੀ ਸ਼ੁਰੂਆਤ।
- ਮੌਸਮ ਵਿਭਾਗ ਮੁਤਾਬਿਕ ਅਗਲੇ 3 ਤੋਂ 4 ਦਿਨਾਂ ਦੌਰਾਨ, ਪੰਜਾਬ ਵਿੱਚ ਗਰਮੀ ਦੀ ਲਹਿਰ ਜਾਰੀ ਰਹੇਗੀ।

---

ਕੇਂਦਰ ਨੇ ਸਰਵਉੱਚ ਅਦਾਲਤ ਨੂੰ ਸੂਚਿਤ ਕੀਤਾ ਏ ਕਿ ਇਸਨੇ 1563 ਨੀਟ ਵਿਦਿਆਰਥੀਆਂ ਨੂੰ MBBS, BDS ਅਤੇ ਹੋਰ ਕੋਰਸਾਂ ਵਿੱਚ ਦਾਖਲੇ ਲਈ ਵਾਧੂ ਅੰਕ ਦੇਣ ਦੇ ਫੈਸਲੇ ਨੂੰ ਰੱਦ ਕਰ ਦਿੱਤਾ ਏ। ਕੇਂਦਰ ਅਤੇ ਕੌਮੀ ਪ੍ਰੀਖਿਆ ਏਜੰਸੀ ਨੇ ਜਸਟਿਸ ਵਿਕਰਮ ਨਾਥ ਅਤੇ ਸੰਦੀਪ ਮਹਿਤਾ ਦੇ ਬੈਂਚ ਨੂੰ ਦੱਸਿਆ ਕਿ ਜਿਨ੍ਹਾਂ ਵਿਦਿਆਰਥੀਆਂ ਨੇ ਵਾਧੂ ਅੰਕ ਪ੍ਰਾਪਤ ਕੀਤੇ ਨੇ, ਉਨ੍ਹਾਂ ਕੋਲ 23 ਜੂਨ ਨੂੰ ਪ੍ਰੀਖਿਆ ਵਿੱਚ ਦੁਬਾਰਾ ਹਾਜ਼ਰ ਹੋਣ ਦਾ ਵਿਕਲਪ ਹੋਵੇਗਾ। ਏਜੰਸੀ ਨੇ ਕਿਹਾ ਕਿ ਪਹਿਲਾਂ ਹੀ ਐਲਾਨੇ ਕਾਉਂਸਲਿੰਗ ਪ੍ਰੋਗਰਾਮ ਵਿੱਚ ਕੋਈ ਬਦਲਾਅ ਨਹੀਂ ਹੋਵੇਗਾ ਕਿਉਂਕਿ ਮੁੜ ਪ੍ਰੀਖਿਆ ਦੇ ਨਤੀਜੇ 30 ਜੂਨ ਤੱਕ ਐਲਾਨੇ ਜਾਣਗੇ। ਸਰਵਉੱਚ ਅਦਾਲਤ ਨੇ ਅੱਜ ਦੁਹਰਾਇਆ ਕਿ ਉਹ, NEET-UG 2024 ਦਾਖਲਾ ਕਾਉਂਸਲਿੰਗ ਪ੍ਰਕਿਰਿਆ 'ਤੇ ਰੋਕ ਨਹੀਂ ਲਾਵੇਗੀ।

---

ਕੇਂਦਰ ਸਰਕਾਰ ਨੇ ਕਿਹਾ ਏ ਕਿ ਰਾਸ਼ਟਰੀ ਯੋਗਤਾ-ਦਾਖਲਾ ਪ੍ਰੀਖਿਆ

ਵਿੱਚ ਪ੍ਰਸ਼ਨ ਪੱਤਰ ਲੀਕ ਹੋਣ ਦਾ ਕੋਈ ਸਬੂਤ ਨਹੀਂ ਮਿਲਿਆ। ਨਵੀਂ ਦਿੱਲੀ ਵਿੱਚ ਸਿੱਖਿਆ ਮੰਤਰਾਲੇ ਦਾ ਕਾਰਜਭਾਰ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਧਰਮਿੰਦਰ ਪ੍ਰਧਾਨ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਭਰੋਸਾ ਦਿਵਾਇਆ ਕਿ ਕੇਂਦਰ, ਉਨ੍ਹਾਂ ਨੂੰ ਨਿਆਂ ਪ੍ਰਦਾਨ ਕਰਨ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਮਾਮਲਾ ਸੁਪਰੀਮ ਕੋਰਟ ਵਿੱਚ ਏ ਅਤੇ ਪ੍ਰੀਖਿਆ ਸਬੰਧੀ, ਸਿੱਖਿਆ ਸ਼ਾਸਤਰੀਆਂ ਦੀ ਇੱਕ ਕਮੇਟੀ ਵੀ ਬਣਾਈ ਗਈ ਏ।

-------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਸ ਦੌਰੇ ਦੌਰਾਨ ਬਨਵਾਰੀ ਲਾਲ ਪੁਰੋਹਿਤ ਨੇ ਉਨ੍ਹਾਂ ਨੂੰ ਪੰਜਾਬ ਵਿੱਚ ਹੋ ਰਹੇ ਵਿਕਾਸ ਅਤੇ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ। ਇਸਤੋਂ ਇਲਾਵਾ ਸ੍ਰੀ ਪੁਰੋਹਿਤ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ, ਪੰਜਾਬ ਆ ਕੇ ਸੂਬੇ ਦੇ ਅਧਿਆਤਮਕਤਾ ਭਰੇ ਅਮੀਰ

ਸੱਭਿਆਚਾਰਕ ਨੂੰ ਦੇਖਣ ਲਈ ਸੱਦਾ ਵੀ ਦਿੱਤਾ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਦੀ ਪ੍ਰਾਹੁਣਚਾਰੀ, ਜਿਸ ਲਈ ਉਨ੍ਹਾਂ ਨੂੰ ਦੁਨੀਆਂ ਭਰ ਵਿੱਚ ਜਾਣਿਆ ਜਾਂਦਾ ਏ , ਬਾਰੇ ਗੱਲ ਕਰਦਿਆਂ ਰਾਸ਼ਟਰਪਤੀ ਮੁਰਮੂ ਨੂੰ ਦੱਸਿਆ ਕਿ ਪੰਜਾਬ ਆਉਣ ’ਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ ਜਾਵੇਗਾ।

-----------------------------------------------------

21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਦੇ ਮੱਦੇਨਜ਼ਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੋਸ਼ਲ ਮੀਡੀਆ 'ਤੇ ਤਾੜ ਆਸਨ ਦਾ ਇੱਕ ਵੀਡੀਓ ਸਾਂਝਾਂ ਕੀਤਾ ਏ। ਵੀਡੀਓ ਸਾਂਝੀ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਤਾੜ ਆਸਨ ਸਰੀਰ ਲਈ ਬਹੁਤ ਫਾਇਦੇਮੰਦ ਏ ਅਤੇ ਇਹ ਸਰੀਰ ਨੂੰ ਮਜ਼ਬੂਤ ਅਤੇ ਸੁਡੋਲ ਬਣਾਉਂਦਾ ਏ।

-----------------------------------------------------

ਇਸ ਵਾਰ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਫਾਜ਼ਿਲਕਾ ਤੇ ਫਰੀਦਕੋਟ ਤੋਂ ਯੋਗ ਮਾਹਰਾਂ ਅਤੇ

ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ ਨਿਰੋਗ ਰਹਿਣ ਵਾਸਤੇ  ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ ।

---------------------------------------------------------

ਹੁਸ਼ਿਆਰਪੁਰ ਦੇ ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਯੋਗ ਦਿਵਸ ਮੌਕੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ 21 ਜੂਨ ਨੂੰ ਪੁਲਿਸ ਲਾਈਨ ਗਰਾਊਂਡ ਵਿਖੇ 'ਯੋਗਾ ਫਾਰ ਸੈਲਫ ਐਂਡ ਸੁਸਾਇਟੀ' ਥੀਮ ਤਹਿਤ ਜ਼ਿਲ੍ਹਾ ਪੱਧਰ 'ਤੇ ਯੋਗ ਦਿਵਸ ਮਨਾਇਆ ਜਾਵੇਗਾ। ਉਨ੍ਹਾਂ ਸਮੂਹ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਤਾਂ ਜੋ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ।

---------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ

ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ। ਮੁਕਤਸਰ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ, ਲੋਕ ਹਿੱਤ ਵਿਚ ਦੱਸਦੇ ਨੇ।

-----------------------------------------------

ਪੰਜਾਬ ਸਰਕਾਰ ਨੇ ਨੇਤਰਹੀਣ ਭਾਈਚਾਰੇ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ, ਨੇਤਰਹੀਣ ਵਿਅਕਤੀਆਂ ਦੇ ਸਹਾਇਕਾਂ ਲਈ ਮੁਫ਼ਤ ਬੱਸ ਯਾਤਰਾ ਦੀ ਸਹੂਲਤ ਦੇਣ ਦਾ ਐਲਾਨ ਕੀਤਾ ਏ। ਇਹ ਐਲਾਨ ਵਿੱਤ ਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਕੀਤਾ ਗਿਆ। ਇਹ ਮਹੱਤਵਪੂਰਨ ਫ਼ੈਸਲਾ ਦਿਵਿਆਂਗਜਨਾਂ ਦੀ ਸਹਾਇਤਾ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਹ ਪਹਿਲਕਦਮੀ ਇੱਕ ਚੰਗਾ ਸਮਾਜ ਬਣਾਉਣ ਲਈ ਸਰਕਾਰ ਦੇ ਸਮਰਪਣ ਨੂੰ ਦਰਸਾਉਂਦੀ ਏ ਜਿੱਥੇ ਹਰੇਕ ਨਾਗਰਿਕ ਨੂੰ ਬਰਾਬਰ ਮੌਕੇ ਅਤੇ ਮਹੱਤਵਪੂਰਨ ਸੇਵਾਵਾਂ ਮਿਲ ਸਕਣ। ਨੇਤਰਹੀਣ ਵਿਅਕਤੀਆਂ ਦੇ

ਸਹਾਇਕਾਂ ਲਈ ਮੁਫ਼ਤ ਬੱਸ ਸਫ਼ਰ ਦੀ ਪੇਸ਼ਕਸ਼ ਕਰਕੇ, ਪੰਜਾਬ ਸਰਕਾਰ ਦਿਵਿਆਂਗਜਨਾਂ ਦੇ ਕਿਤੇ ਵੀ ਆਉਣ-ਜਾਣ ਵਾਸਤੇ ਸਫ਼ਰ ਨੂੰ ਸੁਖਾਲਾ ਕਰਨ ਲਈ ਇੱਕ ਮਹੱਤਵਪੂਰਨ ਕਦਮ ਚੁੱਕ ਰਹੀ ਏ।

----------------------------------------------------

ਅੰਮ੍ਰਿਤਸਰ ਤੋਂ ਦਿੱਲੀ ਜਾ ਰਹੀ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ 'ਤੇ ਅੱਜ ਫਗਵਾੜਾ-ਗੁਰਾਇਆ ਵਿਖੇ ਪਥਰਾਅ ਕਰਕੇ ਨੁਕਸਾਨ ਪਹੁੰਚਾਇਆ ਗਿਆ। ਜ਼ਿਲਾ ਕਪੂਰਥਲਾ ਤੋਂ ਸਾਡੇ ਪੱਤਰਕਾਰ ਨੇ ਖਬਰ ਦਿਤੀ ਏ ਕਿ ਰੇਲਵੇ ਸੁਰੱਖਿਆ ਬਲ ਅਤੇ ਰੇਲਵੇ ਪੁਲਿਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ। ਪ੍ਰਾਪਤ ਜਾਣਕਾਰੀ ਅਨੁਸਾਰ ਰੇਲਗੱਡੀ ਦੇ ਸੀ-3 ਕੋਚ 'ਤੇ ਪਥਰਾਅ ਕੀਤਾ ਗਿਆ ਏ, ਜਿਸ 'ਚ ਦੋ ਖਿੜਕੀਆਂ ਦੇ ਸ਼ੀਸ਼ੇ ਬੁਰੀ ਤਰ੍ਹਾਂ ਨਾਲ ਨੁਕਸਾਨੇ ਗਏ।

----------------------------------------------------

ਕੁਵੈਤ ਦੇ ਦੱਖਣੀ ਮੰਗਾਫ ਖੇਤਰ ਵਿੱਚ ਵਿਦੇਸ਼ੀ ਕਾਮਿਆਂ ਦੀ ਰਿਹਾਇਸ਼ ਵਾਲੀ ਇੱਕ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ, 40 ਭਾਰਤੀਆਂ ਸਮੇਤ 49 ਲੋਕਾਂ ਦੀ ਮੌਤ ਹੋ ਗਈ। ਅੱਗ ਲੱਗਣ ਦੀ

ਘਟਨਾ ਵਿੱਚ 50 ਤੋਂ ਵੱਧ ਲੋਕ ਜ਼ਖਮੀ ਹੋਏ ਨੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗ ਲੱਗਣ ਦੀ ਘਟਨਾ ਉੱਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ। ਇਕ ਸ਼ੋਕ ਸੁਨੇਹੇ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਘਟਨਾ ਏ, ਜਿਸ ਵਿੱਚ ਵੱਡੀ ਗਿਣਤੀ ਭਾਰਤੀਆਂ ਦੀ ਦਮ ਘੁਟਣ ਕਾਰਨ ਮੌਤ ਹੋਈ ਏ।  ਭਗਵੰਤ ਸਿੰਘ ਮਾਨ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਨਾਲ ਖੜ੍ਹੀ ਏ।  ਉਨ੍ਹਾਂ ਇਸ ਮੰਦਭਾਗੇ ਹਾਦਸੇ ਦੇ ਜ਼ਖ਼ਮੀਆਂ ਦੇ ਜਲਦੀ ਸਿਹਤਯਾਬ ਹੋਣ ਲਈ ਵੀ ਅਰਦਾਸ ਕੀਤੀ।

---------------------------------------------------------------

ਪਾਤੜਾਂ-ਨਰਵਾਣਾ ਸ਼ਾਹਰਾਹ 'ਤੇ ਪਿੰਡ ਪੈਂਦ ਨਜ਼ਦੀਕ ਅੱਜ ਕਾਰ ਅਤੇ ਮੋਟਰ-ਸਾਈਕਲ ਦੀ ਟੱਕਰ ਦੌਰਾਨ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਤ ਹੋ ਗਈ। ਹਿੰਦੁਸਥਾਨ ਖਬਰ ਏਜੇਂਸੀ ਤੋਂ ਮਿਲੀ

ਜਾਣਕਾਰੀ ਅਨੁਸਾਰ ਹਾਦਸਾ ਉਸ ਵੇਲੇ ਵਾਪਰਿਆ ਜਦੋ ਪਿੰਡ ਨੂਰਪੁਰ ਵਾਸੀ ਬਲਵਿੰਦਰ ਸਿੰਘ ਵਾਸੀ ਆਪਣੀ ਪਤਨੀ ਅਮਰਜੀਤ ਕੌਰ ਨਾਲ ਮੋਟਰਸਾਈਕਲ 'ਤੇ ਪਾਤੜਾਂ- ਨਰਵਾਣਾ ਸ਼ਾਹਰਾਹ 'ਤੇ ਜਾ ਰਿਹਾ ਸੀ ਤਾ ਇਕ ਕਾਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ । ਹਾਦਸੇ ’ਚ ਦੋਵੇਂ ਗੰਭੀਰ ਰੂਪ 'ਚ ਜ਼ਖਮੀ ਹੋ ਗਏ , ਉਨ੍ਹਾਂ ਨੂੰ ਤੁਰੰਤ ਪਾਤੜਾਂ ਦੇ ਸਿਵਲ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਅਮਰਜੀਤ ਕੌਰ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਬਲਵਿੰਦਰ ਸਿੰਘ ਨੂੰ ਮੁੱਢਲੀ ਡਾਕਟਰੀ ਸਹਾਇਤਾ ਉਪਰੰਤ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਸੀ, ਜਿੱਥੇ ਜ਼ਖਮਾਂ ਦੀ ਤਾਬ ਨਾ ਝਲਦਿਆਂ ਉਸਦੀ ਦੀ ਵੀ ਮੌਤ ਹੋ ਗਈ। ਪੁਲਿਸ ਨੇ ਕਾਰ ਨੂੰ ਕਬਜ਼ੇ 'ਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ ।

---------------------------------------------------------------

ਫਾਜਿਲਕਾ ਪੁਲਿਸ ਨੇ ਬੀ.ਐਸ.ਐਫ ਨਾਲ ਮਿਲਕੇ ਚਲਾਈ ਸਾਂਝੀ ਤਲਾਸ਼ੀ ਮੁਹਿੰਮ ਤਹਿਤ, ਸਰਹੱਦੀ ਪਿੰਡ ਸੰਤੋਖ ਸਿੰਘ ਵਾਲਾ ਨੇੜਿਓਂ ਬੀਤੀ ਸ਼ਾਮ 580 ਗਰਾਮ ਹੈਰੋਇਨ ਬਰਾਮਦ ਕੀਤੀ। ਕੌਮਾਂਤਰੀ

ਸਰਹੱਦ 'ਤੇ ਡਿਊਟੀ ਉਤੇ ਤਇਨਾਤ BSF ਜਵਾਨਾਂ ਨੂੰ ਪਾਕਿਸਤਾਨ ਵਾਲੇ ਪਾਸਿਓਂ ਆਉਂਦੇ ਡਰੋਨ ਦੀ ਅਵਾਜ ਸੁਣਾਈ ਦਿੱਤੀ, ਜਿਸਤੋਂ ਬਾਅਦ ਬੀ.ਐਸ.ਐਫ ਦੇ ਅਧਿਕਾਰੀਆਂ ਨੇ ਸਥਾਨਕ ਪੁਲਿਸ ਨਾਲ ਸੰਪਰਕ ਕੀਤਾ ਅਤੇ ਪਿੰਡ ਸੰਤੋਖ ਸਿੰਘ ਵਾਲਾ ਦੇ ਨਾਲ ਲਗਦੇ ਸਰਹੱਦੀ ਖੇਤਰ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ, ਜਿਸ ਦੌਰਾਨ ਖੇਤ ਵਿੱਚੋਂ 580 ਗਰਾਮ ਹੈਰੋਇਨ ਦਾ ਪੈਕੇਟ ਬਰਾਮਦ ਹੋਇਆ । ਇਸਨੂੰ ਪੀਲੇ ਰੰਗ ਦੀ ਟੇਪ ਨਾਲ ਲਪੇਟਿਆ ਹੋਇਆ ਸੀ। ਪੈਕੇਟ ਦੇ ਨਾਲ ਇੱਕ ਛੋਟੀ ਜਿਹੀ ਬੈਟਰੀ ਵੀ ਬਰਾਮਦ ਹੋਈ ਏ।

---------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਗਰਮੀ ਦਾ ਕਹਿਰ ਜਾਰੀ ਏ। ਤਪਦੇ ਸੂਰਜ, ਅਤ ਦੀ ਗਰਮੀ ਅਤੇ ਲਗਾਤਾਰ ਵਗਦੀ ਲੁ ਨੇ ਲੋਕਾਂ ਦਾ ਘਰੋਂ ਨਿਕਲਨਾ ਮੁਸ਼ਕਿਲ ਕੀਤਾ ਹੋਇਆ ਏ। ਏਧਰ ਮੌਸਮ ਵਿਭਾਗ ਨੇਅਗਲੇ 3 ਤੋਂ 4 ਦਿਨਾਂ ਦੌਰਾਨ ਉੱਤਰਾਖੰਡ, ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਮੱਧ ਪ੍ਰਦੇਸ਼, ਰਾਜਸਥਾਨ, ਹਿਮਾਚਲ ਪ੍ਰਦੇਸ਼, ਅਤੇ ਜੰਮੂ ਡਿਵੀਜ਼ਨ ਦੇ ਕੁਝ

ਹਿੱਸਿਆਂ ਵਿੱਚ ਗਰਮੀ ਦੀ ਲਹਿਰ ਦੇ ਹਾਲਾਤ ਜਾਰੀ ਰਹਿਣ ਦੀ ਭਵਿੱਖਬਾਣੀ ਕੀਤੀ ਏ। ਹਾਲਾਂਕਿ, ਮੌਸਮ ਏਜੰਸੀ ਨੇ ਕਿਹਾ ਕਿ ਅਗਲੇ ਤਿੰਨ ਦਿਨਾਂ ਦੌਰਾਨ, ਪੂਰਬੀ ਭਾਰਤ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਹੋਵੇਗਾ। ਵਿਭਾਗ ਨੇ ਅਗਲੇ 4 ਤੋਂ 5 ਦਿਨਾਂ ਦੌਰਾਨ ਉਪ-ਹਿਮਾਲੀਅਨ ਪੱਛਮੀ ਬੰਗਾਲ, ਸਿੱਕਮ ਅਤੇ ਉੱਤਰ-ਪੂਰਬੀ ਭਾਰਤ ਵਿੱਚ ਭਾਰੀ ਤੋਂ ਬਹੁਤ ਭਾਰੀ ਮੀਂਹ ਦੀ ਭਵਿੱਖਬਾਣੀ ਵੀ ਕੀਤੀ ਏ।

---------------------------------------------------------------

ਸਮਾਜਿਕ ਸੁਰੱਖਿਆ ਅਤੇ ਔਰਤ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ 'ਤੇ ਰੈਡ ਕਰਾਸ ਸਪੈਸ਼ਲ ਸਕੂਲ ਫਰੀਦਕੋਟ ਵਿਖੇ ਅੰਤਰ ਰਾਸ਼ਟਰੀ ਦਿਵਿਆਂਗ ਦਿਵਸ ਮਨਾਇਆ ਗਿਆ। ਇਸ ਮੌਕੇ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਦਿਵਿਆਂਗਜਨ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਨੇ ਅਤੇ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ ਨੂੰ ਮੁੱਢਲੀਆਂ ਸਹੂਲਤਾਂ ਦੇਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਸਾਰੀਆਂ ਸਹੂਲਤਾਂ ਨੂੰ ਦਿਵਿਆਂਗਜਨਾਂ ਤੱਕ ਪਹੁੰਚਾਉਣਾ ਸਾਡਾ ਮੁੱਢਲਾ ਫਰਜ ਏ। ਉਨ੍ਹਾਂ ਕਿਹਾ

ਕਿ ਸਰਕਾਰ ਵੱਲੋਂ ਜਿਲ੍ਹੇ ਦੇ 7004 ਦਿਵਿਆਂਗਜਨਾਂ ਨੂੰ ਮਾਲੀ ਸਹਾਇਤਾ ਲਈ ਹਰ ਮਹੀਨੇ 1500 ਰੁਪਏ ਪੈਨਸ਼ਨ ਦੇ ਰੂਪ ਵਿੱਚ ਮੁੱਹਈਆ ਕਰਵਾਏ ਜਾਂਦੇ ਨੇ ।

-----------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰ ਨੇ ਸਰਵਉੱਚ ਅਦਾਲਤ ਨੂੰ ਦਸਿਆ ਏ ਕਿ 1563 ਨੀਟ ਵਿਦਿਆਰਥੀਆਂ ਨੂੰ MBBS, BDS ਅਤੇ ਹੋਰ ਕੋਰਸਾਂ ਵਿੱਚ ਦਾਖਲੇ ਲਈ ਵਾਧੂ ਅੰਕ ਦੇਣ ਦੇ ਫੈਸਲੇ ਨੂੰ ਰੱਦ ਕਰ ਦਿੱਤਾ ਸਰਕਾਰ ਨੇ ਕਿਹਾ ਏ ਕਿ ਪ੍ਰਸ਼ਨ ਪੱਤਰ ਲੀਕ ਹੋਣ ਦਾ ਕੋਈ ਸਬੂਤ ਨਹੀਂ ਮਿਲਿਆ ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਰਾਸ਼ਟਰਪਤੀ ਭਵਨ ਵਿਖੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।
- ਪੰਜਾਬ ਸਰਕਾਰ ਵਲੋਂ ਨੇਤਰਹੀਣ ਵਿਅਕਤੀਆਂ ਦੇ ਸਹਾਇਕਾਂ ਲਈ, ਮੁਫ਼ਤ ਬੱਸ ਯਾਤਰਾ ਸਹੂਲਤ ਦੀ ਸ਼ੁਰੂਆਤ ।

- ਮੌਸਮ ਵਿਭਾਗ ਮੁਤਾਬਿਕ ਅਗਲੇ 3 ਤੋਂ 4 ਦਿਨਾਂ ਦੌਰਾਨ, ਪੰਜਾਬ ਵਿੱਚ ਗਰਮੀ ਦੀ ਲਹਿਰ ਜਾਰੀ ਰਹੇਗੀ।